ਹਲਕਾ ਵਿਧਾਇਕ ਅਤੇ ਡਿਪਟੀ ਕਮਿਸ਼ਨਰ ਵੱਲੋਂ ਸਾਫ ਸਫਾਈ ਰੱਖਣ ਦੀ ਸਹੁੰ ਚੁੱਕਾ ਕੀਤੀ ਗਈ ''ਸਵੱਛਤਾ ਹੀ ਸੇਵਾ''  ਪੰਦਰਵਾੜੇ ਦੀ ਸ਼ੁਰੂਆਤ

ਜ਼ਿਲ੍ਹੇ ਦੇ ਲੋਕਾਂ ਨੂੰ ਪੰਦਰਵਾੜੇ ਦੌਰਾਨ ਇੱਛਾ ਅਨੁਸਾਰ ਸ਼੍ਰਮਦਾਨ ਰਾਹੀਂ ਸਾਫ ਸਫ਼ਾਈ ਵਿੱਚ ਯੋਗਦਾਨ ਪਾਉਣ ਦੀ ਕੀਤੀ ਅਪੀਲ

ਲੋਕਾਂ ਨੂੰ ਸਾਫ ਸਫਾਈ ਰੱਖਣ ਪ੍ਰਤੀ ਜਾਗਰੂਕ ਕਰਨ ਲਈ ਕੀਤਾ ਸਵੱਛਤਾ ਰੱਥ ਰਵਾਨਾ

ਤਰਨਤਾਰਨ, 15 ਸਤੰਬਰ :

ਮਿਸ਼ਨ ਸਵੱਛ ਅਤੇ ਸਵਸਥ ਪੰਜਾਬ ਦੇ ਤਹਿਤ ਸਰਕਾਰ ਵੱਲੋਂ 15 ਸਤੰਬਰ ਤੋਂ 2 ਅਕਤੂਬਰ ਤੱਕ ''ਸਵੱਛਤਾ ਹੀ ਸੇਵਾ'' ਵਿਸ਼ੇ 'ਤੇ ਮਨਾਏ ਜਾ ਰਹੇ ਸਵੱਛਤਾ ਪੰਦਰਵਾੜੇ ਦੀ ਸ਼ੁਰੂਆਤ ਅੱਜ ਹਲਕਾ ਵਿਧਾਇਕ ਡਾ. ਧਰਮਵੀਰ ਅਗਨੀਹੋਤਰੀ ਅਤੇ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਨਗਰ ਕੌਂਸਲ ਤਰਨਤਾਰਨ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਹਾਜ਼ਰ ਲੋਕਾਂ, ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਆਪਣੇ ਆਲੇ-ਦੁਆਲੇ ਦੀ ਸਾਫ-ਸਫ਼ਾਈ ਰੱਖਣ ਦੀ ਸਹੁੰ ਚੁਕਾ ਕੇ ਕੀਤੀ। ਇਸ ਮੌਕੇ ਜ਼ਿਲ੍ਹੇ ਦੇ ਲੋਕਾਂ ਨੂੰ ਸਾਫ-ਸਫ਼ਾਈ ਪ੍ਰਤੀ ਜਾਗਰੂਕ ਕਰਨ ਲਈ ਸਵੱਛਤਾ ਰੱਥ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਐਸ.ਐਸ.ਪੀ. ਤਰਨਤਾਰਨ ਸ੍ਰੀ ਦਰਸ਼ਨ ਸਿੰਘ ਮਾਨ ਵਿਸ਼ੇਸ਼ ਤੌਰ 'ਤੇ ਪੁੱਜੇ।




ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਡਾ. ਧਰਮਵੀਰ ਅਗਨੀਹੋਤਰੀ ਨੇ ਕਿਹਾ ਕਿ ਸਫ਼ਾਈ ਰੱਖਣ ਲਈ ਹਰੇਕ ਵਰਗ ਦੇ ਲੋਕਾਂ ਅੰਦਰ ਸਮਰਪਣ ਦੀ ਭਾਵਨਾ ਹੋਣਾ ਜਰੂਰੀ ਹੈ ਅਤੇ ਸਾਫ਼ ਸੁਥਰੇ ਮਾਹੌਲ ਨੂੰ ਜਿੰਦਗੀ ਦਾ ਹਿੱਸਾ ਬਣਾਉਣਾ ਵੀ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਜਿਸ ਮੰਤਵ ਨਾਲ ਇਹ ਪੰਦਰਵਾੜਾ ਮਨਾਇਆ ਜਾ ਰਿਹਾ ਹੈ ਉਹ ਤਾਂ ਹੀ ਪੂਰਾ ਹੋ

ਸਕਦਾ ਹੈ ਜੇਕਰ ਜ਼ਿਲ੍ਹੇ ਦਾ ਹਰੇਕ ਨਾਗਰਿਕ ਵਲੰਟੀਅਰ ਤੌਰ 'ਤੇ ਸ਼੍ਰਮਦਾਨ ਰਾਹੀਂ ਸਾਫ ਸਫਾਈ ਰੱਖਣ ਵਿੱਚ ਸਹਿਯੋਗ ਦੇਵੇ।
ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਕਿਹਾ ਕਿ ਗੰਦਗੀ ਇੱਕ ਅਜਿਹੀ ਸਮਾਜਿਕ ਸਮੱਸਿਆ ਹੈ, ਜਿਸ ਨੂੰ ਖ਼ਤਮ ਕਰਨ ਲਈ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਆਪਸ ਵਿੱਚ ਮਿਲ ਕੇ ਇੱਕ ਜਨ ਅੰਦੋਲਨ ਸ਼ੁਰੂ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਡੇ ਵਿੱਚ ਆਪਣੇ ਆਸਪਾਸ ਨੂੰ ਸਾਫ-ਸੁਥਰਾ ਰੱਖਣ ਦੀ ਭਾਵਨਾ ਹੋਣੀ ਚਾਹੀਦੀ ਹੈ ਅਤੇ ਆਪਣੇ ਆਲੇ ਦੁਆਲੇ ਨੂੰ ਸਾਫ਼ ਕਰਨ ਲਈ ਲਗਨ ਨਾਲ ਕੰਮ ਕਰਨਾ ਚਾਹੀਦਾ ਹੈ।




ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਨੂੰ ਸਭ ਨੂੰ ਆਪਣੇ ਘਰਾਂ, ਕੰਮ ਕਰਨ ਵਾਲੇ ਸਥਾਨਾਂ, ਸਿੱਖਿਆ ਸੰਸਥਾਵਾਂ, ਸਿਹਤ ਸੰਸਥਾਵਾਂ, ਬੱਸ ਅੱਿਡਆ, ਰੇਲਵੇ ਸਟੇਸ਼ਨਾਂ ਤੇ ਹੋਰ ਜਨਤਕ ਸਥਾਨਾਂ ਨੂੰ ਸਾਫ-ਸੁਥਰਾ ਰੱਖਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ, ਕਿਉਂਕਿ ਗੰਦਗੀ ਦੂਰ ਕਰਕੇ ਹੀ ਅਸੀਂ ਨਾ ਸਿਰਫ ਆਪਣੇ ਦੇਸ਼ ਨੂੰ ਸਾਫ ਸੁਥਰਾ ਬਣਾਉਣ ਵਿੱਚ ਯੋਗਦਾਨ ਪਾ ਸਕਦੇ ਹਾਂ ਸਗੋਂ ਸਾਫ ਸਫਾਈ ਰੱਖ ਕੇ ਅਸੀਂ ਆਪਣੇ ਆਪ ਨੂੰ, ਆਪਣੇ ਪਰਿਵਾਰ, ਆਪਣੇ ਗੁਆਂਢੀਆਂ, ਰਿਸ਼ਤੇਦਾਰਾਂ ਤੇ ਦੋਸਤਾਂ ਮਿੱਤਰਾਂ ਨੂੰ ਗੰਦਗੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਵੀ ਬਚਾ ਸਕਦੇ ਹਾਂ। ਉਨ੍ਹਾਂ ਕਿਹਾ ਕਿ ਆਪਣੇ ਜ਼ਿਲ੍ਹੇ, ਸੂਬੇ ਤੇ ਦੇਸ਼ ਨੂੰ ਸਾਫ ਸੁਥਰਾ ਤੇ ਗੰਦਗੀ ਤੋਂ ਮੁਕਤ ਰੱਖਣਾ ਸਾਡੀ ਸਾਰਿਆਂ ਦੀ ਨੈਤਿਕ ਜਿੰਮੇਵਾਰੀ ਹੈ, ਇਸ ਲਈ ਸਾਨੂੰ ਸਾਰਿਆਂ ਨੂੰ ਇਸ ਸਵੱਛਤਾ ਪੰਦਰਵਾੜੇ ਵਿੱਚ ਆਪਣੀ ਇੱਛਾ ਅਨੁਸਾਰ ਭਾਗ ਲੈਣਾ ਚਾਹੀਦਾ ਹੈ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਪੰਦਰਵਾੜੇ ਦੇ ਪਹਿਲੇ ਦਿਨ ਸਬ ਡਵੀਜ਼ਨ ਪੱਧਰ 'ਤੇ ਐਸ. ਡੀ. ਐਮਜ਼, ਪਿੰਡਾਂ ਵਿੱਚ ਸਰਪੰਚ ਤੇ ਸਕੂਲਾਂ ਵਿੱਚ ਸਕੂਲ ਮੁਖੀਆਂ ਵੱਲੋਂ ਸਾਫ ਸਫਾਈ ਰੱਖਣ ਦੀ ਸਹੁੰ ਚੁਕਾਈ ਗਈ ਹੈ। ਉਨ੍ਹਾਂ ਦੱਸਿਆ ਕਿ 17 ਸਤੰਬਰ ਨੂੰ ਨਹਿਰੂ ਯੁਵਾ ਕੇਂਦਰ ਅਤੇ ਯੂਥ ਕਲੱਬਾਂ ਦੇ ਵਲੰਟੀਅਰ ਸ਼੍ਰਮਦਾਨ ਰਾਹੀਂ ਸਾਫ ਸਫਾਈ ਵਿੱਚ ਆਪਣਾ ਯੋਗਦਾਨ ਪਾਉਣਗੇ। ਇਸ ਤੋਂ ਇਲਾਵਾ 24 ਸਤੰਬਰ ਨੂੰ ਹਰੇਕ ਨਾਗਰਿਕ ਨੂੰ ਆਪਣੇ ਆਲੇ ਦੁਆਲੇ ਦੇ 200 ਫੁੱਟ ਰਕਬੇ ਨੂੰ ਸਾਫ ਸੁਥਰਾ ਰੱਖਣ ਲਈ ਪ੍ਰੇਰਿਤ ਕੀਤਾ ਜਾਵੇਗਾ ਅਤੇ 25 ਸਤੰਬਰ ਨੂੰ ਪਿੰਡਾਂ ਦੇ ਟੋਭਿਆਂ, ਹਸਪਤਾਲਾਂ, ਪਾਰਕਾਂ, ਜਨਤਕ ਪਖਾਨਿਆਂ ਦੀ ਸਫਾਈ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ 1 ਅਕਤੂਬਰ ਨੂੰ ਜ਼ਿਲ੍ਹੇ ਦੇ ਸਾਰੇ

ਧਾਰਮਿਕ ਤੇ ਇਤਿਹਾਸਕ ਮਹੱਤਤਾ ਵਾਲੇ ਸਥਾਨਾਂ ਦੀ ਸਾਫ ਸਫਾਈ ਕਰਵਾਈ ਜਾਵੇਗੀ।

ਇਸ ਮੌਕੇ ਐਸ.ਐਸ.ਪੀ. ਤਰਨਤਾਰਨ ਸ੍ਰੀ ਦਰਸ਼ਨ ਸਿੰਘ ਮਾਨ ਵੱਲੋਂ ਆਪਣੇ ਆਲੇ-ਦੁਆਲੇ ਦੀ ਸਾਫ-ਸਫਾਈ ਦੇ ਨਾਲ-ਨਾਲ ਸਮਾਜ ਵਿੱਚੋਂ ਨਸ਼ਿਆਂ ਦੀ ਸਫ਼ਾਈ ਤੇ ਖ਼ਾਤਮਾ ਕਰਨ ਲਈ ਲੋਕਾਂ ਨੂੰ ਆਪਣਾ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ। ਇਸ ਮੌਕੇ ਐਸ.ਡੀ.ਐਮ. ਤਰਨਤਾਰਨ ਡਾ. ਅਮਨਦੀਪ ਕੌਰ, ਐਕਸੀਐਨ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਸ੍ਰ. ਨਰਿੰਦਰ ਸਿੰਘ ਤੋਂ ਇਲਾਵਾ ਵੱਖ-ਵੱਖ ਵਾਰਡਾਂ ਦੇ ਕੌਂਸਲਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਵੀ ਹਾਜ਼ਰ ਸਨ।

--------------------------------